ਦਫਤਰ ਜਿਲ੍ਹਾ ਲੋਕ ਸੰਪਰਕ ਅਫ਼ਸਰ ਮੋਗਾ

# ਪੋਲੀਓ ਦੀ ਨਾ-ਮੁਰਾਦ ਬੀਮਾਰੀ ਨੂੰ ਜੜ੍ਹੋਂ ਖਤਮ ਕਰਨ ਲਈ ਗੰਭੀਰ ਹੋਣ ਦੀ ਲੋੜ-ਵਧੀਕ ਡਿਪਟੀ ਕਮਿਸ਼ਨਰ

- **ਪਲਸ ਪੋਲੀਓ ਦੀ ਜ਼ਿਲ੍ਹਾ ਪੱਧਰੀ ਟਾਸਕ ਫ਼ੋਰਸ ਮੀਟਿੰਗ ਦੀ ਕੀਤੀ ਪ੍ਰਧਾਨਗੀ**
- **17 ਤੋਂ 19 ਜਨਵਰੀ ਤੱਕ ਪਲਸ ਪੋਲੀਓ ਮੁਹਿੰਮ ਦੌਰਾਨ 0-5 ਸਾਲ ਦੇ ਵੱਧ ਤੋਂ ਵੱਧ ਬੱਚਿਆਂ ਨੂੰ ਪਿਲਾਈਆਂ ਜਾਣਗੀਆਂ ਪੋਲੀਓ ਬੂੰਦਾਂ**

ਮੋਗਾ 13 ਜਨਵਰੀ

ਪੋਲੀਓ ਦੀ ਨਾ-ਮੁਰਾਦ ਬੀਮਾਰੀ ਨੂੰ ਜੜ੍ਹੋਂ ਖਤਮ ਕਰਨ ਲਈ ਸਾਨੂੰ ਵਧੇਰੇ ਗੰਭੀਰ ਹੋਣ ਦੀ ਲੋੜ ਹੈ ਤਾਂ ਕਿ ਕੋਈ ਵੀ ਬੱਚਾ ਪੋਲੀਓ ਬੂੰਦ ਪਿਲਾਉਣ ਤੋਂ ਵਾਂਝਾ ਨਾ ਰਹੇ।

ਇਹ ਪ੍ਰਗਟਾਵਾ ਵਧੀਕ ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਅੱਜ ਮੀਟਿੰਗ ਹਾਲ ਵਿਖੇ ਪਲਸ ਪੋਲੀਓ ਮੁਹਿੰਮ ਸਬੰਧੀ ਜ਼ਿਲ੍ਹਾ ਪੱਧਰੀ ਟਾਸਕ ਫ਼ੋਰਸ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ।ਇਸ ਸਮੇ ਉਨ੍ਹਾਂ ਨਾਲ ਜਿਲ੍ਹਾ ਪ੍ਰੀਸਦ ਮੋਗਾ ਦੀ ਚੇਅਰਪਰਸਨ ਬੀਬੀ ਅਮਰਜੀਤ ਕੌਰ ਸਾਹਕੇ ਵੀ ਹਾਜ਼ਰ ਸਨ।

ਸ. ਸੰਧੂ ਨੇ ਵੱਖ-ਵੱਖ ਸਿਹਤ ਸੰਸਥਾਵਾਂ ਤੋਂ ਆਏ ਸੀਨੀਅਰ ਮੈਡੀਕਲ ਅਫਸਰ, ਮੈਡੀਕਲ ਅਫਸਰ ਅਤੇ ਬਲਾਕ ਪ੍ਰਸਾਰ ਸਿੱਖਿਅਕਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਅਤੇ ਮਿਤੀ 17 ਜਨਵਰੀ ਤੋਂ 19 ਜਨਵਰੀ ਤੱਕ ਹੋਣ ਵਾਲੀ ਪਲਸ ਪੋਲੀਓ ਮੁਹਿੰਮ ਦੌਰਾਨ 0-5 ਸਾਲ ਦੇ ਵੱਧ ਤੋਂ ਵੱਧ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਉਣ ਸਬੰਧੀ ਮੁਹਿੰਮ ਨੂੰ ਕਾਮਯਾਬ ਕਰਨ ਲਈ ਰੂਪ-ਰੇਖਾ ਤਿਆਰ ਕੀਤੀ ਗਈ। ਉਨ੍ਹਾਂ ਦੱਸਿਆ ਕਿ ਮਿਤੀ 17 ਜਨਵਰੀ ਨੂੰ ਲਗਾਏ ਗਏ ਬੂਥਾਂ ਵਿੱਚ 0 ਤੋ 5 ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਬੂਦਾਂ ਪਿਲਾਈਆਂ ਜਾਣਗੀਆਂ, 18 ਅਤੇ 19 ਜਨਵਰੀ ਨੂੰ ਘਰ-ਘਰ ਜਾ ਕੇ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਈਆਂ ਜਾਣਗੀਆਂ ਤਾਂ ਕਿ ਕੋਈ ਵੀ ਬੱਚਾ ਪੋਲੀਓ ਬੂੰਦ ਪਿਲਾਉਣ ਤੋਂ ਵਾਂਝਾ ਨਾ ਰਹੇ।

ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦੌਰਾਨ ਸਮੁੱਚੇ ਜਿਲੇ ਨੂੰ 5 ਬਲਾਕਾਂ ਤੇ ਮੋਗਾ ਸ਼ਹਿਰ ਸਮੇਤ 6 ਜੋਨਾਂ 'ਚ ਵੰਡਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਮੰਤਵ ਲਈ ਕੁੱਲ 976 ਟੀਮਾਂ ਗਠਿਤ ਕੀਤੀਆਂ ਗਈਆਂ ਹਨ ਅਤੇ 111 ਸੁਪਰਵਾਈਜ਼ਰ ਤਾਇਨਾਤ ਕੀਤੇ ਗਏ ਹਨ।

ਮੀਟਿੰਗ ਦੌਰਾਨ ਸਿਵਲ ਸਰਜਨ ਮੋਗਾ ਡਾ: ਜੱਜਬੀਰ ਸਿੰਘ ਸੰਧੂ ਨੇ ਆਪਣੇ ਵਿਭਾਗ ਦੇ ਕ੍ਰਮਚਾਰੀਆਂ ਨੂੰ ਪੂਰੀ ਲਗਨ ਅਤੇ ਤਨਦੇਹੀ ਨਾਲ ਕੰਮ ਕਰਨ ਦੀ ਹਦਾਇਤ ਕੀਤੀ ਅਤੇ ਕਿਹਾ ਕਿ ਇਸ ਮੁਹਿੰਮ ਲਈ ਕੋਈ ਵੀ ਕਿਸੇ ਤਰਾਂ ਦੀ ਢਿੱਲ ਬਰਦਾਸਤ ਨਹੀ ਕੀਤੀ ਜਾਵੇਗੀ।

ਮੀਟਿੰਗ 'ਚ ਹੋਰਨਾਂ ਤੋ ਇਲਾਵਾ ਐਸ.ਡੀ.ਐਮ ਨਿਹਾਲ ਸਿੰਘ ਵਾਲਾ ਸ੍ਰੀਮਤੀ ਜੋਤੀ ਬਾਲਾ ਮੱਟੂ, ਜਿਲ੍ਹਾ ਮਾਲ ਅਫਰਸ ਸ੍ਰੀਮਤੀ ਸਵਿਤਾ ਰਾਣੀ, ਸਿਹਤ ਵਿਭਾਗ ਵੱਲੋ ਜਿਲ੍ਹਾ ਇੰਮੂਨਾਈਜ਼ੇਸ਼ਨ ਅਫਸਰ ਡਾ: ਹਰਿੰਦਰ ਕੁਮਾਰ ਸ਼ਰਮਾ, ਡਾ: ਗਿਆਨ ਸਿੰਘ, ਸਾਰੇ ਜਿਲ੍ਹੇ ਦੇ ਐਸ.ਐਮ.ਓਜ ਤੋ ਇਲਾਵਾ ਸਿਹਤ ਵਿਭਾਗ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ/ਕ੍ਰਮਚਾਰੀ ਹਾਜ਼ਰ ਸਨ।

---

ਨੰ: ਪੀ.ਆਰ (ਪ੍ਰੈ ਰੀ)-2016/20

**ਫੋਟੋਆਂ ਨੱਥੀ ਹਨ ਜੀ**